# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।
# ਪ੍ਰੈਸ ਨੋਟ

## ਮੇਅਰ ਸ਼ਿਵ ਸੂਦ ਵੱਲੋਂ ਵਾਰਡ ਨੰ: 25 ਦੇ ਮੁਹੱਲਾ ਅਦਰਸ਼ ਨਗਰ ਅਤੇ ਸੁਭਾਸ਼ ਨਗਰ ਵਿਖੇ 32.09 ਲੱਖ ਰੁਪਏ ਦੀ ਲਾਗਤ ਨਾਲ ਇੰਨਟਰਲਾਕਿੰਗ ਟਾਇਲਾਂ ਲਗਾਉਣ ਦੇ ਕੰਮ ਦੀ ਸ਼ੁਰੂਆਤ

ਹੁਸ਼ਿਆਰਪੁਰ 16 ਨਵੰਬਰ        ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਅੱਜ ਵਾਰਡ ਨੰ: 25 ਦੇ ਮੁਹੱਲਾ ਅਦਰਸ਼ ਨਗਰ ਅਤੇ ਸੁਭਾਸ਼ ਨਗਰ ਵਿੱਚ 32.09 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਦੀਆਂ ਬਣਨ ਵਾਲੀਆਂ ਗਲੀਆਂ ਦੇ ਕੰਮ ਦੀ ਸ਼ੁਰੂਆਤ ਕੌਂਸਲਰ ਰੂਪ ਲਾਲ ਥਾਪਰ ਦੀ ਹਾਜ਼ਰੀ ਵਿਚ ਰੀਬਨ ਕੱਟ ਕੇ ਕੀਤੀ। ਉਹਨਾਂ ਦੱਸਿਆ ਕਿ ਵਾਰਡ ਨੰ: 25 ਦੇ ਕੌਂਸਲਰ ਰੂਪ ਲਾਲ ਥਾਪਰ ਦੀ ਮੰਗ ਅਨੁਸਾਰ ਉਹਨਾਂ ਦੇ ਵਾਰਡ ਵਿਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਰਹਿੰਦੇ ਵਿਕਾਸ ਕਾਰਜਾਂ ਵੀ ਪਹਿਲ ਦੇ ਅਧਾਰ ਤੇ ਕਾਰਵਾਏ ਜਾਣਗੇ। ਉਹਨਾਂ ਦੱਸਿਆ ਕਿ ਨਗਰ ਨਿਗਮ ਦੀਆਂ ਮੁੱਖ ਸੜਕਾਂ ਤੇ ਵੀ ਪ੍ਰੀ-ਮਿਕਸ ਪਾਉਣ ਦਾ ਕੰਮ ਚੱਲ ਰਿਹਾ ਹੈ ਅਤੇ ਇਹ ਕੰਮ ਜਲਦੀ ਹੀ ਮੁਕੰਮਲ ਕਰ ਲਏ ਜਾਣਗੇ।

ਵਾਰਡ ਨੰ: 25 ਦੇ ਕੌਂਸਲਰ ਰੂਪ ਲਾਲ ਥਾਪਰ ਅਤੇ ਮੁਹੱਲਾ ਵਾਸੀਆਂ ਨੇ ਮੇਅਰ ਸ਼ਿਵ ਸੂਦ ਵੱਲੋਂ ਇੰਨਟਰਲਾਕਿੰਗ ਟਾਇਲਾਂ ਨਾਲ ਗਲੀਆਂ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਨ ਲਈ ਉਹਨਾਂ ਦਾ ਧੰਨਵਾਦ ਕੀਤਾ। ਨਗਰ ਨਿਗਮ ਦੇ ਕੌਂਸਲਰ ਅਸ਼ੋਕ ਕੁਮਾਰ, ਅਨਿਲ ਕੋਹਲੀ, ਸੂਰਜ ਪ੍ਰਕਾਸ਼, ਅਮੋਲਕ ਸਿੰਘ, ਬਲਵਿੰਦਰ ਸਿੰਘ, ਜ਼ੋਗਿੰਦਰ ਪਾਲ, ਰਮੇਸ਼ ਕੁਮਾਰ ਬਾਬਾ, ਗੁਰਮੇਲ ਚੰਦ, ਸੁਰਜੀਤ ਸਿੰਘ, ਸ਼ੇਰ ਸਿੰਘ, ਤਜਿੰਦਰ ਸਿੰਘ, ਅਮਰਜੀਤ ਸਿੰਘ, ਬਲਵੀਰ ਕੌਰ, ਨੀਲਮ ਕੌਰ, ਨੀਕੀ ਕੌਰ ਅਤੇ ਮੁਹੱਲਾ ਨਿਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।